## *5 ਅਗਸਤ ਤੋਂ 14 ਅਗਸਤ ਤੱਕ ਲਗਾਏ ਜਾਣਗੇ ਜ਼ਿਲ• ਭਰ 'ਚ 1.20 ਲੱਖ ਪੌਦੇ: ਡਿਪਟੀ ਕਮਿਸ਼ਨਰ*

ਤਰਨਤਾਰਨ, 28 ਜੁਲਾਈ (    ): ਸਰਹੱਦੀ ਜ਼ਿਲ•ਾ ਤਰਨਤਾਰਨ ਵਿਚ ਵੱਖ ਵੱਖ ਵਿਭਾਗਾਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਜ਼ਿਲ•ੇ ਨੂੰ ਹਰਿਆ ਭਰਿਆ ਬਣਾਉਣ ਲਈ ੫ ਅਗਸਤ ਤੋਂ 14 ਅਗਸਤ ਤੱਕ ਬੂਟੇ ਲਗਾਉਣ ਦੀ ਵਿਸ਼ੇਸ਼ ਮੁਹਿੰਮ ਦਾ ਆਗਾਜ਼ ਕੀਤਾ ਜਾ ਰਿਹਾ ਹੈ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਪ੍ਰਦੀਪ ਕੁਮਾਰ ਸੱਭਰਵਾਲ ਨੇ ਵੱਖ ਵੱਖ ਅਧਿਕਾਰੀਆਂ ਦੀ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਦਿੱਤੀ। ਇਸ ਮੌਕੇ 'ਤੇ ਮੀਟਿੰਗ ਵਿਚ ਵਾਤਾਵਰਨ ਪ੍ਰੇਮੀ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਵਾਲੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ ਜ਼ਿਲ•ੇ ਭਰ ਵਿਚ 1.20 ਲੱਖ ਪੌਦੇ ਲਗਾਉਣ ਦਾ ਟੀਚਾ ਮਿਥਿਆ ਗਿਆ ਹੈ। ਉਨ•ਾਂ ਕਿਹਾ ਕਿ ਜ਼ਿਲ•ੇ ਦੀਆਂ ਵੱਖ ਵੱਖ ਥਾਵਾਂ ਦੀ ਸ਼ਨਾਖਤ ਕਰਕੇ ਹਰ ਜਰੂਰੀ ਜਗ•ਾ 'ਤੇ ਛਾਂਦਾਰ, ਫਲਦਾਰ ਪੌਦੇ ਲਗਾਏ ਜਾਣਗੇ। ਉਨ•ਾਂ ਕਿਹਾ ਕਿ ਇਸ ਸੰਬੰਧੀ ਵੱਖ ਵੱਖ ਵਿਭਾਗਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਹਨ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ੯੫ ਹਜ਼ਾਰ ਬੂਟੇ ਜ਼ਿਲ•ਾ ਵਿਕਾਸ ਤੇ ਪੰਚਾਇਤ ਅਧਿਕਾਰੀ ਵੱਲੋਂ ਵੱਖ ਵੱਖ ਪਿੰਡਾਂ ਦੀਆਂ ਪੰਚਾਇਤਾਂ ਦੇ ਸਹਿਯੋਗ ਨਾਲ ਪਿੰਡਾਂ ਦੀਆਂ ਸਾਂਝੀਆਂ ਥਾਵਾਂ ਅਤੇ ਸ਼ਾਮਲਾਤ ਜਮੀਨਾਂ 'ਤੇ ਲਗਾਏ ਜਾਣਗੇ। Àਨ•ਾਂ ਕਿਹਾ ਕਿ ਇਹ ਬੂਟੇ ਮਗਨਰੇਗਾ ਸਕੀਮ ਅਧੀਨ ਲਗਾਏ ਜਾਣਗੇ ਜਿਸ ਨਾਲ ਮਗਨਰੇਗਾ ਮਜਦੂਰਾਂ ਨੂੰ ਰੁਜ਼ਗਾਰ ਵੀ ਮਿਲੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬੂਟਿਆਂ ਦੀ ਪਰਵਰਿਸ਼ ਅਤੇ ਦੇਖ ਭਾਲ ਲਈ ਹਰ ਪਿੰਡ ਵਿਚ ਮਗਨਰੇਗਾ ਅਧੀਨ ਇਕ ਇਕ ਵਿਅਕਤੀ ਦੀ ਚੋਣ ਕੀਤੀ ਜਾਵੇਗੀ ਜੋ ਵਿਅਕਤੀ ਨਵੇਂ ਲਗਾਏ ਜਾਣ ਵਾਲੇ ਬੂਟਿਆਂ ਦੀ ਦੇਖਭਾਲ ਕਰੇਗਾ ਅਤੇ ਉਸਨੂੰ ਮਗਨਰੇਗਾ ਅਧੀਨ ਰੋਜਾਨਾ ਦੀ ਬਣਦੀ ਦਿਹਾੜੀ ਵੀ ਦਿੱਤੀ ਜਾਵੇਗੀ। ਡਿਪਟੀ ਕਮਿਸਨਰ ਨੇ ਅੱਗੇ ਦੱਸਿਆ ਕਿ ਜ਼ਿਲ•ੇ ਦੇ 515 ਐਲੀਮੈਂਟੀ ਸਕੂਲਾਂ ਤੇ 272 ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ ਵਿਚ ਬੂਟੇ ਲਗਾਏ ਜਾਣਗੇ ਅਤੇ ਹਰ ਸਕੂਲ ਵਿਚ 10 ਤੋਂ ਵੱਧ ਬੂਟੇ ਲਗਾਉਣ ਦਾ ਟੀਚਾ ਉਲੀਕਿਆ ਗਿਆ ਹੈ। ਉਨ•ਾਂ ਕਿਹਾ ਕਿ ਬੂਟੇ ਲਗਾਉਣ ਦੀ ਇਸ ਮੁਹਿੰਮ ਨੂੰ ਇਕ ਤਿਉਹਾਰ ਦੀ ਤਰ•ਾਂ ਮਨਾਇਆ ਜਾਵੇਗਾ। ਇਸ ਮੁਹਿੰਮ ਵਿਚ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਪਿੰਡਾਂ ਦੀਆਂ ਯੂਥ ਕਲੱਬਾਂ ਨੂੰ ਵੀ ਸ਼ਾਮਿਲ ਕੀਤਾ ਗਿਆ ਹੈ।

ਇਸ ਮੌਕੇ 'ਤੇ ਏ.ਡੀ.ਪੀ. ਸ੍ਰੀ ਸੰਦੀਪ ਰਿਸ਼ੀ, ਐਸ.ਡੀ.ਐਮ. ਪੱਟੀ, ਸ੍ਰੀ ਗੁਰਸਿਮਰਨਜੀਤ ਸਿੰਘ ਸਹਾਇਕ ਕਮਿਸ਼ਨਰ, ਸ੍ਰੀ ਰਜੇਸ਼ ਕੁਮਾਰ ਜ਼ਿਲ•ਾ ਜੰਗਲਾਤ ਅਫ਼ਸਰ ਆਦਿ ਹਾਜ਼ਰ ਸਨ।